## VIGILANCE BUREAU PUNJAB

# Vigilance nabs ASI , Data Entry operator, private person in three different bribery cases

**Registers case against patwari**

Chandigarh, March 6: Punjab Vigilance Bureau, today nabbed an Assistant Sub Inspector (ASI), Data Entry Operator and Private person working as agent of patwari red handed while accepting bribes in three different cases.

Disclosing this here an official spokesperson of the Vigilance Bureau said ASI Inderpal Singh posted at city police station, Rupnagar was nabbed red handed while accepting bribe of Rs. 6,000 on the complaint of Sucha Singh of village Kathiana, Hamirpur district (HP). The complainant has approached the VB and alleged that the accused ASI was threatening and pressurising his brother to withdraw a police complaint and demanding Rs. 10,000 for not taking any action against him. He informed that the deal was struck at Rs. 9,000 and he had paid Rs. 3000 as a first instalment of bribe to the accused ASI.

After verifying his information, the vigilance team laid a trap and the accused ASI was arrested on the spot while taking bribe of Rs. 6,000 as second instalment from the complainant in the presence of two official witnesses.

In another bribery case the bureau has register a corruption case against Kamaldeep Singh, Revenue Patwari posted at revenue halqa Rani Walah, Tarn Taran district and his agent Satnam Singh on the complaint of Jagdeep Singh of village Mundapind in Tarn Taran district.

The complainant has informed the VB that the accused Patwari was demanding Rs. 8,000 as a bribe for mutation of land belonging to his grandfather. He further informed that he had already paid Rs. 3000 as a first instalment to patwari. After verifying his information, the vigilance team laid a trap and the accused agent Satnam Singh was arrested on the spot while taking bribe of Rs. 4,000 of second instalment from the complainant in the presence of two official witnesses.

In another bribery case Shamsher Singh, Data Entry Operator posted in the office of Tehsildar, Moga district was nabbed red handed while accepting bribe of Rs. 8,000 on the complaint of Sukhchain Singh resident of village Pandori Araiyan in Moga district.

The complainant has approached the VB and alleged that the accused data entry operator was demanding Rs. 50,000 for the registry of his land. He further informed that he had already paid Rs. 25000 as a first instalment. After verifying his information, the vigilance team laid a trap and the accused data entry operator was arrested on the spot

while taking bribe of Rs. 8,000 as second instalment. from the complainant in the presence of two official witnesses.

The spokesman informed that three corruption cases under Prevention of Corruption Act have been registered against all the above mentioned accused at VB police stations at SAS Nagar, Amritsar and Ferozepur respectively and further investigations were under progress.

----------

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਨੇ ਤਿੰਨ ਵੱਖ-ਵੱਖ ਰਿਸ਼ਵਤ ਦੇ ਕੇਸਾਂ ਵਿਚ ਏ.ਐਸ.ਆਈ, ਪਟਵਾਰੀ ਦੇ ਏਜੰਟ ਅਤੇ ਡਾਟਾ ਐਂਟਰੀ ਓਪਰੇਟਰ ਨੂੰ ਰੰਗੇ ਹੱਥੀਂ ਦਬੋਚਿਆ

## ਮਾਲ ਪਟਵਾਰੀ ਖਿਲਾਫ਼ ਵੀ ਰਿਸ਼ਵਤਖੋਰੀ ਦਾ ਪਰਚਾ ਦਰਜ

ਚੰਡੀਗੜ੍ਹ, 6 ਮਾਰਚ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਰਿਸ਼ਵਤ ਤਿੰਨ ਵੱਖ-ਵੱਖ ਕੇਸਾਂ ਵਿਚ ਸ਼ਹਿਰੀ ਥਾਣਾ, ਰੂਪਨਗਰ ਵਿਖੇ ਤਾਇਨਾਤ ਏ.ਐਸ.ਆਈ. ਇੰਦਰ ਪਾਲ ਸਿੰਘ, ਮਾਲ ਹਲਕਾ ਰਾਣੀ ਵਲ੍ਹਾ ਜਿਲਾ ਤਰਨਤਾਰਨ ਇਖੇ ਤਾਇਨਾਤ ਪਟਵਾਰੀ ਦੇ ਏਜੰਟ ਸਤਨਾਮ ਸਿੰਘ ਅਤੇ ਤਹਿਸੀਲਦਾਰ ਦੇ ਦਫਤਰ, ਮੋਗਾ ਵਿਖੇ ਤਾਇਨਾਤ ਡਾਟਾ ਐਂਟਰੀ ਓਪਰੇਟਰ ਸ਼ਮਸ਼ੇਰ ਸਿੰਘ ਨੂੰ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸੁੱਚਾ ਸਿੰਘ ਵਾਸੀ ਪਿੰਡ ਕਠਿਆਣਾ, ਜਿਲਾ ਹਮੀਰਪੁਰ (ਹਿਮਾਚਲ ਪ੍ਰਦੇਸ਼) ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਭਰਾ ਵਲੋ ਦਰਜ ਕਰਵਾਈ ਸ਼ਿਕਾਇਤ ਨੂੰ ਵਾਪਸ ਲੈਣ ਅਤੇ ਉਸ ਵਿਰੁੱਧ ਕਾਰਵਾਈ ਨਾ ਕਰਨ ਬਦਲੇ ਏ.ਐਸ.ਆਈ ਵਲੋਂ 10,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 9,000 ਰੁਪਏ ਵਿਚ ਤੈਅ ਹੋਇਆ ਹੈ ਅਤੇ ਉਸ ਵਲੋਂ ਪਹਿਲੀ ਕਿਸ਼ਤ ਵਜੋ 3,000 ਰੁਪਏ ਅਦਾ ਕੀਤੇ ਜਾ ਚੁੱਕੇ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸ਼ਤ ਦੇ 6,000 ਰੁਪਏ ਰਿਸ਼ਵਤ ਵਜੋ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ।

ਇਸ ਹੋਰ ਰਿਸ਼ਵਤ ਦੇ ਕੇਸ ਵਿਚ ਮਾਲ ਹਲਕਾ ਰਾਣੀ ਵਲ੍ਹਾ, ਜਿਲਾ ਤਰਨ ਤਾਰਨ ਵਿਖੇ ਤਾਇਨਾਤ ਪਟਵਾਰੀ ਕਮਲਦੀਪ ਸਿੰਘ ਦੇ ਨਾਲ ਤਾਇਨਾਤ ਪ੍ਰਾਇਵੇਟ ਵਿਅਕਤੀ ਸਤਨਾਮ ਸਿੰਘ ਨੂੰ ਸ਼ਿਕਾਇਤਕਰਤਾ ਜਗਦੀਪ ਸਿੰਘ ਵਾਸੀ ਪਿੰਡ ਮੁੰਡਾਪਿੰਡ, ਜਿਲਾ ਤਰਨਤਾਰਨ ਦੀ ਸ਼ਿਕਾਇਤ ’ਤੇ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਗਿਆ ਹੈ। ਇਸ ਕੇਸ ਵਿਚ ਪਟਵਾਰੀ ਖਿਲਾਫ਼ ਵੀ ਰਿਸ਼ਵਤਖੋਰੀ ਦਾ ਪਰਚਾ ਦਰਜ ਕਰ ਲਿਆ ਹੈ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਦਾਦਾ ਵਲੋਂ ਕੀਤੀ ਗਈ ਵਸੀਅਤ ਦਾ ਇੰਦਕਾਲ ਦਰਜ ਕਰਨ ਬਦਲੇ 8,000 ਰੁਪਏ ਦੀ ਮੰਗ ਕੀਤੀ ਗਈ ਅਤੇ ਉਸ ਵਲੋਂ 3,000 ਰੁਪਏ ਪਹਿਲੀ ਕਿਸ਼ਤ ਵਜੋ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਸਤਨਾਮ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸ਼ਤ ਦੇ 4,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ।

ਇਸ ਹੋਰ ਰਿਸ਼ਵਤ ਦੇ ਕੇਸ ਵਿਚ ਜਿਲਾ ਮੋਗਾ ਵਿਖੇ ਤਹਿਸੀਲਦਾਰ ਦਫਤਰ ਵਿਖੇ ਤਾਇਨਾਤ ਡਾਟਾ ਐਂਟਰੀ ਓਪਰੇਟਰ ਸ਼ਮਸ਼ੇਰ ਸਿੰਘ ਨੂੰ ਸ਼ਿਕਾਇਤਕਰਤਾ ਸੁਖਚੇਨ ਸਿੰਘ ਵਾਸੀ ਪਿੰਡ ਖੰਡੋਰੀ ਅਰਾਈਆਂ, ਜਿਲਾ ਮੋਗਾ ਦੀ ਸ਼ਿਕਾਇਤ ’ਤੇ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਵਲੋ ਖਰੀਦ ਕੀਤੀ ਜਮੀਨ ਦਾ ਵਸੀਕਾ ਰਜਿਸਟਰਡ ਕਰਨ ਬਦਲੇ ਉਕਤ ਓਪਰੇਟਰ ਵਲੋਂ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਗਈ ਅਤੇ ਉਸ ਵਲੋਂ 25,000 ਰੁਪਏ ਰਿਸ਼ਵਤ ਵਜੋ ਪਹਿਲਾਂ ਹੀ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਡਾਟਾ ਐਂਟਰੀ ਓਪਰੇਟਰ ਨੂੰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸ਼ਤ ਦੇ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਚਾਰੇ ਦੋਸ਼ੀਆਂ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਿਆਂ, ਐਸ.ਏ.ਐਸ.ਨਗਰ, ਅੰਮ੍ਰਿਤਸਰ ਅਤੇ ਫਿਰੋਜਪੁਰ ਵਿਚ ਮੁਕੱਦਮੇ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।